ਦਫਤਰ ਡਾਇਰੈਕਟਰ ਸਿੱਖਿਆ ਵਿਭਾਗ(ਸੈ.ਸਿ),ਪੰਜਾਬ ਚੰਡੀਗੜ੍ਹ।
(ਕੋਆਰਡੀਨੇਸਨ ਸਾਖਾ)

ਸੇਵਾ ਵਿਖੇ,

1. ਸਮੂਹ ਮੰਡਲ ਸਿੱਖਿਆ ਅਫਸਰ, ਪੰਜਾਬ
2. ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈਸਿ), ਪੰਜਾਬ

ਮੀਮੋ ਨੰ: 15/19 -15 ਕੋ.ਸੈਲ (1)/316
ਮਿਤੀ: 27-08-2015

ਵਿਸ਼ਾ:- ਸੇਵਾ ਨਿਵਰਤ ਹੋਣ ਵਾਲੇ ਅਧਿਕਾਰੀਆਂ/ਕਰਮਚਾਰੀਆਂ ਵੱਲੋਂ ਪੈਨਸ਼ਨ ਪੇਪਰ ਸਮੇਂ ਸਿਰ ਪੇਸ਼ ਕਰਨ ਬਾਰੇ।

ਹਵਾਲਾ:- ਪੰਜਾਬ ਸਰਕਾਰ, ਵਿੱਤ ਵਿਭਾਗ (ਵਿੱਤ ਪੈਨਸ਼ਨ ਪਾਲਿਸੀ ਅਤੇ ਤਾਲਮੇਲ ਸਾਖਾ) , ਦਾ ਪੱਤਰ ਨੰ: 5/49/2013-5 ਵਿਪਪਤ/562356/1 ਮਿਤੀ 13-08-2015.

ਉਪਰਕੋਤ ਵਿਸੇ ਤੇ ਹਵਾਲਾ ਅਧੀਨ ਪੱਤਰ ਦੀ ਕਾਪੀ ਆਪ ਜੀ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜੀ ਜਾਂਦੀ ਹੈ।

ਨੱਥੀ: ਉਕਤ ਅਨੁਸਾਰ

ਇੰਚਾਰਜ ਕੋਆਰਡੀਨੇਸਨ ਸੈਲ
ਦ. ਡਾਇਰੈਕਟਰ ਸਿੱਖਿਆ ਵਿਭਾਗ(ਸੈ.ਸਿ),ਪੰਜਾਬ

ਪਿੱਠ ਅੰਕਣ ਨੰ: ਉਕਤ ਮਿਤੀ: 27-08-2015

ਉਤਾਰਾ ਦਫਤਰ ਡੀ.ਪੀ.ਆਈ (ਸੈਸਿ), ਪੰਜਾਬ ਦੇ ਸਬੰਧਤ ਅਧਿਕਾਰੀਆਂ/ਸਾਖਾ ਮੁੱਖੀਆਂ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਇੰਚਾਰਜ ਕੋਆਰਡੀਨੇਸਨ ਸੈਲ
ਦ. ਡਾਇਰੈਕਟਰ ਸਿੱਖਿਆ ਵਿਭਾਗ(ਸੈ.ਸਿ),ਪੰਜਾਬ

633 ਵੈ ਸੈਕ
27/8/15

ਨੰ:5/49/2013-5ਵਿਪਪਤ/562356/1
ਪੰਜਾਬ ਸਰਕਾਰ
ਵਿੱਤ ਵਿਭਾਗ
(ਵਿੱਤ ਪੈਨਸ਼ਨ ਪਾਲਿਸੀ ਅਤੇ ਤਾਲਮੇਲ ਸ਼ਾਖਾ)

30508
25/8/15

ਮਿਤੀ, ਚੰਡੀਗੜ੍ਹ: 13-8-2015

ਸੇਵਾ ਵਿਖੇ,

ਸਮੂਹ ਵਿਭਾਗਾਂ ਦੇ ਮੁਖੀ,
ਰਜਿਸਟਰਾਰ, ਪੰਜਾਬ ਤੇ ਹਰਿਆਣਾ ਹਾਈਕੋਰਟ,
ਡਵੀਜ਼ਨਾਂ ਦੇ ਕਮਿਸ਼ਨਰ,
ਸਮੂਹ ਜ਼ਿਲ੍ਹਾ ਤੇ ਸੈਸ਼ਨ ਜੱਜ ਅਤੇ
ਸਮੂਹ ਡਿਪਟੀ ਕਮਿਸ਼ਨਰ ਪੰਜਾਬ ਰਾਜ ਵਿੱਚ।

25/8/15

ਵਿਸ਼ਾ: ਸੇਵਾ-ਨਿਵਰਤ ਹੋਣ ਵਾਲੇ ਅਧਿਕਾਰੀਆਂ/ਕਰਮਚਾਰੀਆਂ ਵੱਲੋਂ ਪੈਨਸ਼ਨ ਪੇਪਰ ਸਮੇਂ ਸਿਰ ਪੇਸ਼ ਕਰਨ ਬਾਰੇ।

----

ਸ਼੍ਰੀਮਾਨ ਜੀ,

ਮੈਨੂੰ ਆਪ ਦਾ ਧਿਆਨ ਉਪਰੋਕਤ ਵਿਸ਼ੇ ਸੰਬਧੀ ਵਿੱਤ ਵਿਭਾਗ ਦੀਆਂ ਹਦਾਇਤਾਂ ਨੰ:5/49/2013-5ਵਿਪਪਤ/1655 ਮਿਤੀ 18.11.2013 ਵੱਲ ਦਿਵਾਉਣ ਅਤੇ ਇਹ ਕਹਿਣ ਦੀ ਹਦਾਇਤ ਹੋਈ ਹੈ ਕਿ ਮਹਾਲੇਖਾਕਾਰ ਪੰਜਾਬ ਵੱਲੋਂ ਵਿੱਤ ਵਿਭਾਗ ਦੇ ਧਿਆਨ ਵਿੱਚ ਲਿਆਂਦਾ ਗਿਆ ਹੈ ਕਿ ਕੁੱਝ ਵਿਭਾਗਾਂ ਵੱਲੋਂ ਵਿੱਤ ਵਿਭਾਗ ਦੀਆਂ ਇਨ੍ਹਾਂ ਹਦਾਇਤਾਂ ਦੀ ਪਾਲਣਾ ਸਹੀ ਢੰਗ ਨਾਲ ਨਹੀਂ ਕੀਤੀ ਜਾ ਰਹੀ ਹੈ ਜਿਸ ਨਾਲ ਕਈ ਵਾਰ ਸੇਵਾ ਨਿਵਰਤੀ ਲਾਭਾਂ ਦੀ ਅਦਾਇਗੀ ਵਿੱਚ ਦੇਰੀ ਹੋਣ ਨਾਲ ਸਰਕਾਰ ਨੂੰ ਕਈ ਕੇਸਾਂ ਵਿੱਚ ਵਿਆਜ ਵੀ ਦੇਣਾ ਪੈਂਦਾ ਹੈ। ਇਸ ਲਈ ਆਪ ਨੂੰ ਮੁੜ ਹਦਾਇਤ ਕੀਤੀ ਜਾਂਦੀ ਹੈ ਕਿ ਪੰਜਾਬ ਸਿਵਲ ਸਰਵਿਸਿਜ਼ ਨਿਯਮਾਵਲੀ, ਜਿਲਦ-2 ਦੇ ਚੈਪਟਰ 9 ਅਧੀਨ ਸੇਵਾ-ਨਿਵਰਤ ਹੋਣ ਵਾਲੇ ਕਰਮਚਾਰੀਆਂ ਦੇ ਪੈਨਸ਼ਨ ਪੇਪਰ ਸਮੇਂ ਸਿਰ ਤਿਆਰ ਕਰਵਾਉਣ ਤੇ ਮਹਾਲੇਖਾਕਾਰ, ਪੰਜਾਬ ਨੂੰ ਭੇਜਣ ਲਈ ਵੱਖ-ਵੱਖ ਨੁਕਤਿਆਂ ਤੇ ਦਿੱਤੀ ਸਮਾਂ-ਸੀਮਾਂ ਨਿਸਚਿਤ ਕੀਤੀ ਹੋਈ ਹੈ। ਜੇਕਰ ਸੰਬਧਤ ਵਿਭਾਗ ਇਨ੍ਹਾਂ ਨਿਯਮਾਂ ਅਤੇ ਸਰਕਾਰ ਵੱਲੋਂ ਸਮੇਂ-ਸਮੇਂ ਸਿਰ ਜਾਰੀ ਹਦਾਇਤਾਂ ਦੀ ਪਾਲਣਾ ਕੀਤੀ ਜਾਂਦੀ ਹੈ ਤਾਂ ਕਰਮਚਾਰੀ ਵੱਲੋਂ ਪੈਨਸ਼ਨਰੀ ਲਾਭਾਂ ਉੱਤੇ ਅਦਾਲਤ ਰਾਹੀਂ ਦਿੱਤੀ ਵਿਆਜ ਦੀ ਮੰਗ ਤੋਂ ਬਚਿਆ ਜਾ ਸਕਦਾ ਹੈ। ਇਸ ਲਈ ਪੰਜਾਬ ਸਰਕਾਰ ਦੇ ਨਿਯਮਾਂ/ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ ਤਾਂ ਜੋ ਬੇਲੋੜੀ ਕਾਨੂੰਨੀ ਕਾਰਵਾਈ ਤੋਂ ਬਚਿਆ ਜਾ ਸਕੇ।

2. ਇਨ੍ਹਾਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕੀਤੀ ਜਾਵੇ।

ਵਿਸ਼ਵਾਸਪਾਤਰ

12/8/15
(ਊਸ਼ਾ ਸਹਿਗਲ)
ਸੰਯੁਕਤ ਸਕੱਤਰ ਵਿੱਤ

ਪਿੱ:ਅੰ.ਨੰ:5/49/2013-5ਵਿਪਪਤ/562356/2 ਮਿਤੀ: 13-8-2015

ਇਸ ਦਾ ਇੱਕ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਲਈ ਭੇਜਿਆ ਜਾਂਦਾ ਹੈ:-

1. ਮੁੱਖ ਸਕੱਤਰ, ਪੰਜਾਬ ਸਰਕਾਰ।
2. ਪੰਜਾਬ ਸਰਕਾਰ ਦੇ ਸਮੂਹ ਵਿੱਤੀ ਕਮਿਸ਼ਨਰ, ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰ।
3. ਸਥਾਨਕ ਵਿੱਤੀ ਕਮਿਸ਼ਨਰ, ਪੰਜਾਬ, ਪੰਜਾਬ ਭਵਨ, ਕਾਪਰਨਿਕਸ ਮਾਰਗ, ਨਵੀਂ ਦਿੱਲੀ।

12/8/15
ਸੰਯੁਕਤ ਸਕੱਤਰ ਵਿੱਤ